Tape/CD: 1345 ਪੰਨਾ ੪੭੮ - ਆਸਾ ਕਬੀਰ ਜੀਉ ॥

ਸੁਤੁ ਅਪਰਾਧ ਕਰਤ ਹੈ ਜੇਤੇ ॥ ਜਨਨੀ ਚੀਤਿ ਨ ਰਾਖਸਿ
ਤੇਤੇ ॥ ੧ ॥ ਰਾਮਈਆ ਹਉ ਬਾਰਿਕੁ ਤੇਰਾ ॥ ਕਾਹੇ ਨ
ਖੰਡਸਿ ਅਵਗਨੁ ਮੇਰਾ ॥ ੧ ॥ ਰਹਾਉ ॥ ਜੇ ਅਤਿ ਕ੍ਰੋਪ ਕਰੇ
ਕਰਿ ਧਾਇਆ ॥ ਤਾ ਭੀ ਚੀਤਿ ਨ ਰਾਖਸਿ ਮਾਇਆ
॥ ੨ ॥ ਚਿੰਤ ਭਵਨਿ ਮਨੁ ਪਰਿਓ ਹਮਾਰਾ ॥ ਨਾਮ ਬਿਨਾ
ਕੈਸੇ ਉਤਰਸਿ ਪਾਰਾ ॥ ੩ ॥ ਦੇਹਿ ਬਿਮਲ ਮਤਿ ਸਦਾ
ਸਰੀਰਾ ॥ ਸਹਜਿ ਸਹਜਿ ਗੁਨ ਰਵੈ ਕਬੀਰਾ
॥ ੪ ॥ ੩ ॥ ੧੨ ॥

Tape/CD: 1345 ਪੰਨਾ ੧੧੦੧-੦੨ - ਮਾਰੂ ਵਾਰ ਮਹਲਾ ੫ ਡਖਣੇ ਮਃ ੫

ਪਉੜੀ ॥ ਹਰਿ ਜੀ ਮਾਤਾ ਹਰਿ ਜੀ ਪਿਤਾ ਹਰਿ ਜੀਉ
ਪ੍ਰਤਿਪਾਲਕ ॥ ਹਰਿ ਜੀ ਮੇਰੀ ਸਾਰ ਕਰੇ ਹਮ ਹਰਿ ਕੇ ਬਾਲਕ
॥ ਸਹਜੇ ਸਹਜਿ ਖਿਲਾਇਦਾ ਨਹੀ ਕਰਦਾ ਆਲਕ ॥ ਅਉਗਣੁ
ਕੋ ਨ ਚਿਤਾਰਦਾ ਗਲ ਸੇਤੀ ਲਾਇਕ ॥ ਮੁਹਿ ਮੰਗਾਂ ਸੋਈ ਦੇਵਦਾ
ਹਰਿ ਪਿਤਾ ਸੁਖਦਾਇਕ ॥ ਗਿਆਨੁ ਰਾਸਿ ਨਾਮੁ ਧਨੁ
ਸਉਪਿਓਨੁ ਇਸੁ ਸਉਦੇ ਲਾਇਕ ॥ ਸਾਝੀ ਗੁਰ ਨਾਲਿ
ਬਹਾਲਿਆ ਸਰਬ ਸੁਖ ਪਾਇਕ ॥ ਮੈ ਨਾਲਹੁ ਕਦੇ ਨ ਵਿਛੁੜੈ
ਹਰਿ ਪਿਤਾ ਸਭਨਾ ਗਲਾ ਲਾਇਕ ॥ ੨੧ ॥

Tape/CD: 1345

ਪੰਨਾ ੬੨੪-੨੫

ਸੋਰਠਿ ਮਹਲਾ ੫ ॥ ਗਈ ਬਹੋੜੁ ਬੰਦੀ ਛੋੜੁ ਨਿਰੰਕਾਰੁ ਦੁਖਦਾਰੀ ॥ ਕਰਮੁ ਨ ਜਾਣਾ ਧਰਮੁ ਨ ਜਾਣਾ ਲੋਭੀ ਮਾਇਆਧਾਰੀ ॥ ਨਾਮੁ ਪਰਿਓ ਭਗਤੁ ਗੋਵਿੰਦ ਕਾ ਇਹ ਰਾਖਹੁ ਪੈਜ ਤੁਮਾਰੀ ॥ ੧ ॥ ਹਰਿ ਜੀਉ ਨਿਮਾਣਿਆ ਤੂ ਮਾਣੁ ॥ ਨਿਚੀਜਿਆ ਚੀਜ ਕਰੇ ਮੇਰਾ ਗੋਵਿੰਦੁ ਤੇਰੀ ਕੁਦਰਤਿ ਕਉ ਕੁਰਬਾਣੁ ॥ ਰਹਾਉ ॥ ਜੈਸਾ ਬਾਲਕੁ ਭਾਇ ਸੁਭਾਈ ਲਖ ਅਪਰਾਧ ਕਮਾਵੈ ॥ ਕਰਿ ਉਪਦੇਸੁ ਝਿੜਕੇ ਬਹੁ ਭਾਤੀ ਬਹੁੜਿ ਪਿਤਾ ਗਲਿ ਲਾਵੈ ॥ ਪਿਛਲੇ ਅਉਗੁਣ ਬਖਸਿ ਲਏ ਪ੍ਰਭੁ ਆਗੈ ਮਾਰਗਿ ਪਾਵੈ ॥ ੨ ॥ ਹਰਿ ਅੰਤਰਜਾਮੀ ਸਭ ਬਿਧਿ ਜਾਣੈ ਤਾ ਕਿਸੁ ਪਹਿ ਆਖਿ ਸੁਣਾਈਐ ॥ ਕਹਣੈ ਕਥਨਿ ਨ ਭੀਜੈ ਗੋਬਿੰਦੁ ਹਰਿ ਭਾਵੈ ਪੈਜ ਰਖਾਈਐ ॥ ਅਵਰ ਓਟ ਮੈ ਸਗਲੀ ਦੇਖੀ ਇਕ ਤੇਰੀ ਓਟ ਰਹਾਈਐ ॥ ੩ ॥ ਹੋਇ ਦਇਆਲੁ ਕਿਰਪਾਲੁ ਪ੍ਰਭੁ ਠਾਕੁਰੁ ਆਪੇ ਸੁਣੈ ਬੇਨੰਤੀ ॥ ਪੂਰਾ ਸਤਗੁਰੁ ਮੇਲਿ ਮਿਲਾਵੈ ਸਭ ਚੂਕੈ ਮਨ ਕੀ ਚਿੰਤੀ ॥ ਹਰਿ ਹਰਿ ਨਾਮੁ ਅਵਖਦੁ ਮੁਖਿ ਪਾਇਆ ਜਨ ਨਾਨਕ ਸੁਖਿ ਵਸੰਤੀ ॥ ੪ ॥ ੧੨ ॥ ੬੨ ॥